ਸਾਰਗ ਮਹਲਾ ੫ ॥ ਫੀਕੇ ਹਰਿ ਕੇ ਨਾਮ ਬਿਨੁ ਸਾਦ ॥ ਅੰਮ੍ਰਿਤ ਰਸੁ ਕੀਰਤਨੁ ਹਰਿ ਗਾਈਐ ਅਹਿਨਿਸਿ ਪੂਰਨ ਨਾਦ ॥੧॥ ਰਹਾਉ ॥ ਸਿਮਰਤ ਸਾਂਤਿ ਮਹਾ ਸੁਖੁ ਪਾਈਐ ਮਿਟਿ ਜਾਹਿ ਸਗਲ ਬਿਖਾਦ ॥ ਹਰਿ ਹਰਿ ਲਾਭੁ ਸਾਧਸੰਗਿ ਪਾਈਐ ਘਰਿ ਲੈ ਆਵਹੁ ਲਾਦਿ ॥੧॥ ਸਭ ਤੇ ਊਚ ਊਚ ਤੇ ਊਚੋ ਅੰਤੁ ਨਹੀ ਮਰਜਾਦ ॥ ਬਰਨਿ ਨ ਸਾਕਉ ਨਾਨਕ ਮਹਿਮਾ ਪੇਖਿ ਰਹੇ ਬਿਸਮਾਦ ॥੨॥੫੫॥੭੮॥ {ਪੰਨਾ 1219}

ਪਦਅਰਥ:- ਫੀਕੇ—ਫਿੱਕੇ, ਬੇ-ਸੁਆਦੇ। ਸਾਦ—(ਮਾਇਕ ਪਦਾਰਥਾਂ ਦੇ) ਸੁਆਦ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ। ਗਾਈਐ—ਗਾਣਾ ਚਾਹੀਦਾ ਹੈ। ਅਹਿ—ਦਿਨ। ਨਿਸਿ—ਰਾਤ। ਪੂਰਨ ਨਾਦ—ਨਾਦ ਪੂਰੇ ਜਾਣਗੇ, (ਆਤਮਕ ਆਨੰਦ ਦੇ) ਵਾਜੇ ਵੱਜਣਗੇ।1। ਰਹਾਉ।

ਸਿਮਰਤ—ਸਿਮਰਦਿਆਂ। ਪਾਈਐ—ਪ੍ਰਾਪਤ ਕਰੀਦਾ ਹੈ। ਬਿਖਾਦ—ਦੁੱਖ-ਕਲੇਸ਼, ਝਗੜੇ। ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ। ਘਰਿ—ਹਿਰਦੇ-ਘਰ ਵਿਚ। ਲਾਦਿ—ਲੱਦ ਕੇ।1।

ਮਰਜਾਦ—ਮਰਯਾਦਾ (ਦਾ)। ਸਾਕਉ—ਸਾਕਉਂ। ਬਰਨਿ ਨ ਸਾਕਉ—ਮੈਂ ਬਿਆਨ ਨਹੀਂ ਕਰ ਸਕਦਾ। ਮਹਿਮਾ—ਵਡਿਆਈ। ਪੇਖਿ—ਵੇਖ ਕੇ। ਬਿਸਮਾਦੁ—ਹੈਰਾਨ।2।

ਅਰਥ:- ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਬਿਨਾ (ਮਾਇਕ ਪਦਾਰਥਾਂ ਦੇ) ਸੁਆਦ ਫਿੱਕੇ ਹਨ। ਹੇ ਭਾਈ! ਪ੍ਰਭੂ ਦਾ ਕੀਰਤਨ ਹੀ ਆਤਮਕ ਜੀਵਨ ਦੇਣ ਵਾਲਾ ਰਸ ਹੈ, ਹਰੀ ਦਾ ਕੀਰਤਨ ਹੀ ਗਾਣਾ ਚਾਹੀਦਾ ਹੈ (ਜਿਹੜਾ ਮਨੁੱਖ ਗਾਂਦਾ ਹੈ, ਉਸ ਦੇ ਅੰਦਰ) ਦਿਨ ਰਾਤ ਆਤਮਕ ਆਨੰਦ ਦੇ ਵਾਜੇ ਵੱਜਦੇ ਰਹਿੰਦੇ ਹਨ।1। ਰਹਾਉ।

ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਦਿਆਂ ਆਤਮਕ ਸ਼ਾਂਤੀ ਮਿਲਦੀ ਹੈ ਬੜਾ ਸੁਖ ਪ੍ਰਾਪਤ ਕਰੀਦਾ ਹੈ, (ਅੰਦਰੋਂ) ਸਾਰੇ ਦੁੱਖ-ਕਲੇਸ਼ ਮਿਟ ਜਾਂਦੇ ਹਨ। ਪਰ ਪਰਮਾਤਮਾ ਦਾ ਨਾਮ ਸਿਮਰਨ ਦਾ ਇਹ ਲਾਭ ਸਾਧ ਸੰਗਤਿ ਵਿਚ ਹੀ ਮਿਲਦਾ ਹੈ। (ਜਿਹੜੇ ਮਨੁੱਖ ਗੁਰੂ ਦੀ ਸੰਗਤਿ ਵਿਚ ਮਿਲ ਬੈਠਦੇ ਹਨ ਉਹ) ਆਪਣੇ ਹਿਰਦੇ-ਘਰ ਵਿਚ ਇਹ ਖੱਟੀ ਲੱਦ ਕੇ ਲੈ ਆਉਂਦੇ ਹਨ।1।

ਹੇ ਨਾਨਕ! (ਆਖ—ਹੇ ਭਾਈ!) ਪਰਮਾਤਮਾ ਸਭਨਾਂ ਨਾਲੋਂ ਉੱਚਾ ਹੈ, ਉੱਚਿਆਂ ਤੋਂ ਉੱਚਾ ਹੈ, ਉਸ ਦੇ ਹੱਦ-ਬੰਨੇ ਦਾ ਅੰਤ ਨਹੀਂ ਪਾਇਆ ਜਾ ਸਕਦਾ। ਮੈਂ ਉਸ ਦੀ ਵਡਿਆਈ ਬਿਆਨ ਨਹੀਂ ਕਰ ਸਕਦਾ, ਵੇਖ ਕੇ ਹੀ ਹੈਰਾਨ ਰਹਿ ਜਾਈਦਾ ਹੈ।2। 55। 78।